I/31837/2020

ਜਿਲਾ ਲੋਕ ਸੰਪਰਕ ਦਫਤਰ, ਗੁਰਦਾਸਪੁਰ।

ਜ਼ਿਲਾ ਮੈਜਿਸਟਰੇਟ ਜਨਾਬ ਮੁਹੰਮਦ ਇਸ਼ਫਾਕ ਵਲੋਂ ਹੁਕਮ ਜਾਰੀ

ਕੱਲ 8 ਜੂਨ ਤੋਂ ਧਾਰਮਿਕ ਸਥਾਨ, ਮਾਲ, ਰੈਸਟੋਰੈਂਟ ਤੇ ਹੋਟਲ ਹਦਾਇਤਾਂ ਤਕ ਖੁੱਲਣਗੇ

ਜਿਲੇ ਅੰਦਰ ਕੱਲ 8 ਜੂਨ ਤੋਂ ਦੁਕਾਨਾਂ ਸਵੇਰੇ 7 ਵਜੇ ਤੋਂ ਸ਼ਾਮ 7 ਵਜੇ ਤਕ ਬਿਨਾਂ ਰੁਟੇਸ਼ਨ ਦੇ ਖੁੱਲਣਗੀਆਂ

ਗੁਰਦਾਸਪੁਰ, 7 ਜੂਨ (        ) ਜ਼ਿਲਾ ਮੈਜਿਸਟਰੇਟ ਜਨਾਬ ਮੁਹੰਮਦ ਇਸ਼ਫਾਕ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕੋਰੋਨਾ ਵਾਇਰਸ ਦੇ ਫੈਲਾਅ ਨੂੰ ਰੋਕਣ ਨੂੰ ਜਿਲੇ ਅੰਦਰ 31 ਮਈ 2020 ਨੂੰ ਲਾਕ ਡਾਊਨ 5.0 ਲਾਗੂ ਕੀਤਾ ਗਿਆ ਸੀ । ਐਡੀਸ਼ਨਲ ਮੁੱਖ ਸਕੱਤਰ ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ ਪੰਜਾਬ ਸਰਕਾਰ ਵਲੋਂ 06 ਜੂਨ ਨੂੰ ਕੋਰੋਨਾ ਵਾਇਰਸ ਤੋਂ ਬਚਾਅ ਲਈ ਲਾਕਡਾਊਨ 5.0/ ਅਨਲਾਕ-1 ਤਹਿਤ ਗਾਈਡਲਾਈਨਜ਼ ਜਾਰੀ ਕੀਤੀਆਂ ਗਈਆਂ ਹਨ।

ਇਸ ਲਈ ਐਡੀਸ਼ਨਲ ਮੁੱਖ ਸਕੱਤਰ ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ ਪੰਜਾਬ ਸਰਕਾਰ ਦੀਆਂ ਦਿੱਤੀਆਂ ਹਦਾਇਤਾਂ ਨੂੰ ਧਿਆਨ ਵਿਚ ਰੱਖਦਿਆਂ ਹੋਏ, ਜਿਲਾ ਗੁਰਦਾਸਪੁਰ ਦੀ ਹਦੂਦ ਅੰਦਰ 31 ਮਈ 2020 ਨੂੰ ਜਾਰੀ ਕੀਤੇ ਹੁਕਮਾਂ ਨੂੰ ਰੱਦ ਕਰਦੇ ਹੋਏ, ਸੀ.ਪੀ.ਸੀ 144 ਤਹਿਤ ਹੇਠ ਲਿਖੇ ਨਵੇਂ ਹੁਕਮ ਜਾਰੀ ਕੀਤੇ ਜਾਂਦੇ ਹਨ।

ਪੂਜਾ ਕਰਨ ਵਾਲੇ ਧਾਰਮਿਕ ਸਥਾਨ, ਹੋਟਲ , ਰੈਸਟੋਰੈਂਟ ਅਤੇ ਹੋਰ ਹਾਸਪਿਟਲੀ ਸਰਵਿਸਜ਼ ਅਤੇ ਸ਼ਾਪਿਲ ਮਾਲ 08 ਜੂਨ ਤੋਂ ਹੇਠ ਲਿਖੀਆਂ ਸ਼ਰਤਾਂ 'ਤੇ ਖੋਲ•ੇ ਜਾ ਸਕਦੇ ਹਨ।

ਧਾਰਮਿਕ ਸਥਾਨ/ਪੂਜਾ ਕਰਨ ਵਾਲੇ ਸਥਾਨ – ਧਾਰਮਿਕ ਸਥਾਨ / ਪੂਜਾ ਕਰਨ ਵਾਲੇ ਸਥਾਨ ਸਵੇਰੇ 5 ਵਜੇ ਤੋਂ ਸ਼ਾਮ 8 ਵਜੇ ਤੱਕ ਹੀ ਖੁੱਲ•ੇ ਰਹਿਣਗੇ। ਪੂਜਾ ਦੇ ਸਮੇਂ ਵਿਅਕਤੀਆਂ ਦੀ ਵੱਧ ਤੋਂ ਵੱਧ ਗਿਣਤੀ 20 ਦੂਰੀ ਤੋਂ ਵੱਧ ਨਹੀਂ ਹੋਣੀ ਚਾਹੀਦੀ, ਅਤੇ ਇਸ ਲਈ ਪੂਜਾ ਦਾ ਸਮਾਂ ਛੋਟੇ ਸਮੂਹਾਂ ਵਿੱਚ ਵੰਡਿਆ ਹੋਣਾ ਚਾਹੀਦਾ ਹੈ। ਇਨ•ਾਂ ਥਾਵਾਂ ਦੇ ਪ੍ਰਬੰਧਨ ਹੱਥਾਂ ਦੀ ਸਫਾਈ, ਸਮਾਜਿਕ ਦੂਰੀ ਅਤੇ ਮਾਸਕ ਪਹਿਨਣ ਨੂੰ ਯਕੀਨੀ ਬਣਾਉਣ ਲਈ ਢੁਕਵੇਂ ਪ੍ਰਬੰਧ ਕਰਨਾ। ਪ੍ਰਸ਼ਾਦ, ਭੋਜਨ ਅਤੇ ਭੋਜਨ / ਲੰਗਰ ਦੀ ਵੰਡ ਨਹੀਂ ਕੀਤੀ ਜਾਏਗੀ। ਇਸ ਤੋਂ ਇਲਾਵਾ ਪੰਜਾਬ ਸਰਕਾਰ ਵਲੋਂ ਜਾਰੀ ਹਦਾਇਤਾਂ, ਸੰਬਧਿਤ ਮੈਨੇਜਮੈਂਟ ਭਾਰਤ ਸਰਕਾਰ ਵੱਲੋਂ ਜਾਰੀ ਐਸ.ਓ.ਪੀਜ਼ ਦੀਆਂ ਗਾਈਡਲਾਈਨਜ਼, ਇਨਾਂ ਸਥਾਨਾਂ ਤੇ ਕੋਵਿਡ-19 ਦੇ ਫੈਲਾਅ ਨੂੰ ਰੋਕਣ ਲਈ ਭਾਰਤ ਸਰਕਾਰ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰਾਲੇ (ਐਮ.ਐਚ.ਐਫ.ਡਬਲਯੂ) ਦੇ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਨ ਨੂੰ ਯਕੀਨੀ ਬਣਾਉਣਗੇ।

ਹੋਟਲ ਅਤੇ ਹੋਰ ਹਾਸਪਿਟਲੀ /ਯੂਨਿਟ/ ਸਰਵਿਸ਼ਿਜ-    ਹੋਟਲ ਰੈਸਟੋਰੈਂਟ ਬੰਦ ਰਹਿਣਗੇ ਅਤੇ ਹੋਟਲਾਂ ਵਿਚ ਮਹਿਮਾਨਾਂ ਲਈ ਸਿਰਫ ਕਮਰਿਆਂ ਵਿਚ ਖਾਣਾ ਪਰੋਸਿਆ ਜਾਵੇਗਾ। ਰਾਤ ਦਾ ਕਰਫਿਊ ਸਖਤੀ ਨਾਲ ਲਾਗੂ ਕੀਤਾ ਜਾਣਾ ਚਾਹੀਦਾ ਹੈ ਅਤੇ ਵਿਅਕਤੀਆਂ ਦੀ ਆਵਾਜਾਈ ਸਿਰਫ ਸਵੇਰੇ 5 ਵਜੇ ਤੋਂ ਰਾਤ 9 ਵਜੇ ਤੱਕ ਜਾਇਜ਼ ਹੋਵੇਗੀ। ਹਾਲਾਂਕਿ, ਮਹਿਮਾਨਾਂ ਨੂੰ ਉਨ•ਾਂ ਦੀ ਉਡਾਣ / ਰੇਲ ਰਾਹੀਂ ਯਾਤਰਾ ਦੇ ਨਿਯਮ ਦੇ ਅਧਾਰ ਤੇ ਰਾਤ 9 ਵਜੇ ਤੋਂ ਸਵੇਰੇ 5 ਵਜੇ ਦੇ ਵਿਚਕਾਰ ਹੋਟਲ ਵਿੱਚ ਦਾਖਲ

ਹੋਣ ਅਤੇ ਬਾਹਰ ਜਾਣ ਦੀ ਆਗਿਆ ਹੋਵੇਗੀ। ਹਵਾਈ / ਰੇਲ ਦੀ ਟਿਕਟ ਨੂੰ ਹੀ ਕਰਫਿਊ  ਦੇ ਘੰਟਿਆਂ (ਰਾਤ 9 ਵਜੇ ਤੋਂ ਸਵੇਰੇ 5 ਵਜੇ ਤੱਕ) ਦੌਰਾਨ ਹੋਟਲ ਅਤੇ ਆਉਣ ਵਾਲੇ ਮਹਿਮਾਨਾਂ ਲਈ ਇਕ ਵਾਰੀ ਦੇ ਆਵਾਜਾਈ ਕਰਫਿਊ  ਪਾਸ ਵਜੋਂ ਵਰਤਿਆ ਜਾਵੇਗਾ। ਇਨ•ਾਂ ਥਾਵਾਂ ਦੇ ਪ੍ਰਬੰਧਨ ਲਈ ਹੱਥਾਂ ਦੀ ਸਫਾਈ, ਸਮਾਜਿਕ ਦੂਰੀ ਅਤੇ ਮਾਸਕ ਪਹਿਨਣ ਨੂੰ ਯਕੀਨੀ ਬਣਾਉਣ ਲਈ ਢੁਕਵੇਂ ਪ੍ਰਬੰਧ ਕੀਤੇ ਜਾਣਗੇ।  ਇਸ ਤੋਂ ਇਲਾਵਾ ਪੰਜਾਬ ਸਰਕਾਰ ਵਲੋਂ ਜਾਰੀ ਹਦਾਇਤਾਂ, ਸੰਬਧਿਤ ਮੈਨੇਜਮੈਂਟ ਭਾਰਤ ਸਰਕਾਰ ਵੱਲੋਂ ਜਾਰੀ ਐਸ.ਓ.ਪੀਜ਼ ਦੀਆਂ ਗਾਈਡਲਾਈਨਜ਼, ਇਨਾਂ ਸਥਾਨਾਂ ਤੇ ਕੋਵਿਡ-19 ਦੇ ਫੈਲਾਅ  ਨੂੰ ਰੋਕਣ ਲਈ ਭਾਰਤ ਸਰਕਾਰ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰਾਲੇ (ਐਮ.ਐਚ.ਐਫ.ਡਬਲਯੂ) ਦੇ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਨ ਨੂੰ ਯਕੀਨੀ ਬਣਾਉਣਗੇ।

ਸ਼ਾਪਿੰਗ ਮਾਲ- ਮਾਲ ਵਿਚ ਦਾਖਲ ਹੋਣ ਵਾਲੇ ਹਰ ਵਿਅਕਤੀ ਦੇ ਫ਼ੋਨ ਵਿੱਚ ਕੋਵਾ ਐਪ ਡਾਊਨਲੋਡ ਹੋਣਾ ਚਾਹੀਦਾ ਹੈ। ਪਰ ਇੱਕ ਪਰਿਵਾਰ ਦੇ ਮਾਮਲੇ ਵਿੱਚ ਇੱਕ ਵਿਅਕਤੀ ਕੋਲ  ਐਪ ਹੋਵੇ ਤਾਂ ਮਾਲ ਵਿੱਚ ਦਾਖਲ ਹੋਣ ਦੀ ਆਗਿਆ ਹੋਵੇਗੀ। ਮਾਲ ਵਿਚ ਵਾਧੂ ਟਹਿਲਣ ਦੀ ਆਗਿਆ ਨਹੀਂ ਹੋਵੇਗੀ। ਉਨ•ਾਂ ਕਿਹਾ ਕਿ ਮਾਲ ਵਿੱਚ ਦਾਖਲਾ ਟੋਕਨ ਪ੍ਰਣਾਲੀ ਦੇ ਅਧਾਰ ਹੋਵੇਗਾ। ਆਦਰਸ਼ਕ ਤੌਰ ਤੇ ਮਾਲ ਵਿੱਚ ਦਾਖ਼ਲ ਹੋਣ ਵਾਲੇ ਵਿਅਕਤੀਆਂ/ਵਿਅਕਤੀਆਂ ਦੇ ਸਮੂਹ ਲਈ ਅਧਿਕਤਮ ਸਮਾਂ ਸੀਮਾ ਵੀ ਲਾਗੂ ਕੀਤੀ ਜਾਣੀ ਚਾਹੀਦੀ ਹੈ। ਮਾਲ ਵਿਚਲੀ ਹਰੇਕ ਦੁਕਾਨ ਵਿਚ ਨਿਸ਼ਚਿਤ ਵਿਅਕਤੀਆਂ ਦੀ ਵੱਧ ਤੋਂ ਵੱਧ ਸਮਰੱਥਾ 6 ਫੁੱਟ ਦੀ ਦੂਰੀ (2 ਗਜ਼ ਕੀ ਦੂਰੀ) ਦੇ ਅਧਾਰ ਤੇ ਨਿਰਧਾਰਤ ਕੀਤੀ ਜਾਏਗੀ ਭਾਵ ਦੁਕਾਨ ਵਿਚ ਦਾਖਲ ਹੋਣ ਵਾਲੇ ਹਰੇਕ ਵਿਅਕਤੀ ਲਈ ਲਗਭਗ 10 ਗੁਣਾਂ 10 ਦਾ ਖੇਤਰਫਲ। ਇਸ ਤੋਂ ਇਲਾਵਾ ਮਾਲ ਦੀ ਕੁਲ ਸਮਰੱਥਾ ਨਿਰਧਾਰਤ ਕਰਨ ਲਈ  ਆਮ ਖੇਤਰਾਂ ਲਈ ਵਾਧੂ 25% ਦੀ ਇਜਾਜ਼ਤ ਹੋਵੇਗੀ। ਮੈਨੇਜ਼ਮੈਂਟ ਮਾਲ ਅਤੇ ਹਰੇਕ ਦੁਕਾਨ ਦੀ ਵੱਧ ਤੋਂ ਵੱਧ ਸਮਰੱਥਾ ਦਰਸਾਉਣ ਨੂੰ ਯਕੀਨੀ ਬਣਾਉਣ ਲਈ ਜ਼ਿੰਮੇਵਾਰ ਹੋਵੇਗੀ ਅਤੇ ਵੱਧ ਤੋਂ ਵੱਧ ਸਮਰੱਥਾ ਦਾ 50 ਪ੍ਰਤੀਸ਼ਤ ਤੋਂ ਵੱਧ ਕਿਸੇ ਵੀ ਸਮੇਂ ਮਾਲ ਵਿੱਚ ਦਾਖਲ  / ਕਿਸੇ ਇੱਕ ਦੁਕਾਨ ਵਿੱਚ ਮੌਜੂਦ ਨਹੀਂ ਹੋਣਾ ਚਾਹੀਦਾ । ਇਸ ਤੋਂ ਇਲਾਵਾ ਦੁਕਾਨ ਦੇ ਅੰਦਰ ਦਾਖਲ ਹੋਣ ਦਾ ਇੰਤਜ਼ਾਰ ਕਰ ਰਹੇ ਵਿਅਕਤੀਆਂ ਲਈ ਸਮਾਜਿਕ ਦੂਰੀ ਦਰਸਾਉਣ ਲਈ ਨਿਸ਼ਾਨਦੇਹੀ ਕੀਤੀ ਜਾਵੇਗੀ। ਲਿਫਟਾਂ ਦੀ ਵਰਤੋਂ ਅਪਾਹਜ ਵਿਅਕਤੀਆਂ ਜਾਂ ਡਾਕਟਰੀ ਐਮਰਜੈਂਸੀ ਦੇ ਸਿਵਾਏ ਨਹੀਂ ਕੀਤੀ ਜਾਏਗੀ। ਐਸਕਲੇਟਰਸ ਸਿਰਫ ਇੱਕ ਦੂਜੇ ਤੋਂ ਸਮਾਜਿਕ ਦੂਰੀ ਦੇ ਨਿਯਮ ਦੀ ਪਾਲਣਾ ਨਾਲ ਵਰਤੇ ਜਾ ਸਕਦੇ ਹਨ। ਇਸ ਤੋਂ ਇਲਾਵਾ, ਕਪੜੇ ਅਤੇ ਹੋਰ ਸਾਮਾਨ ਦੀ ਅਜ਼ਮਾਇਸ਼ ਦੀ ਆਗਿਆ ਨਹੀਂ ਹੋਵੇਗੀ। ਜ਼ਿਲਿ•ਆਂ ਦੀ ਸਿਹਤ ਟੀਮ ਬਾਕਾਇਦਾ ਮਾਲ ਦੀਆਂ ਦੁਕਾਨਾਂ 'ਤੇ ਕੰਮ ਕਰਨ ਵਾਲੇ ਕਰਮਚਾਰੀਆਂ ਦੀ ਜਾਂਚ ਕਰੇਗੀ। ਕਿਸੇ ਵੀ ਮਾਲ ਵਿੱਚ ਰੈਸਟੋਰੈਂਟ / ਫੂਡ ਕੋਰਟ ਟੇਕਵੇਅ / ਹੋਮ ਡਿਲਿਵਰੀ ਤੋਂ ਇਲਾਵਾ ਕੰਮ ਨਹੀਂ ਕਰਨਗੇ। ਇਨ•ਾਂ ਥਾਵਾਂ ਦੇ ਪ੍ਰਬੰਧਨ ਲਈ ਹੱਥਾਂ ਦੀ ਸਫਾਈ, ਸਮਾਜਿਕ ਦੂਰੀ ਅਤੇ ਮਾਸਕ ਪਹਿਨਣ ਨੂੰ ਯਕੀਨੀ ਬਣਾਉਣ ਲਈ ਢੁਕਵੇਂ ਪ੍ਰਬੰਧ ਕਰਨਗੇ।ਗੇ।  ਇਸ ਤੋਂ ਇਲਾਵਾ ਪੰਜਾਬ ਸਰਕਾਰ ਵਲੋਂ ਜਾਰੀ ਹਦਾਇਤਾਂ, ਸੰਬਧਿਤ ਮੈਨੇਜਮੈਂਟ ਭਾਰਤ ਸਰਕਾਰ ਵੱਲੋਂ ਜਾਰੀ ਐਸ.ਓ.ਪੀਜ਼ ਦੀਆਂ ਗਾਈਡਲਾਈਨਜ਼, ਇਨਾਂ ਸਥਾਨਾਂ ਤੇ ਕੋਵਿਡ-19 ਦੇ ਫੈਲਾਅ  ਨੂੰ ਰੋਕਣ ਲਈ ਭਾਰਤ ਸਰਕਾਰ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰਾਲੇ (ਐਮ.ਐਚ.ਐਫ.ਡਬਲਯੂ) ਦੇ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਨ ਨੂੰ ਯਕੀਨੀ ਬਣਾਉਣਗੇ।

ਰੈਸਟੋਰੈਂਟ/ਢਾਬਾ ਜਾਂ ਹੋਰ small establishments (ਜਿਵੇਂ ਰੇਹੜੀ)  selling eatables - ਰੈਸਟੋਰੈਂਟ ਹੋਮ

ਡਿਲਿਵਰੀ ਤੋਂ ਇਲਾਵਾ ਕੰਮ ਨਹੀਂ ਕਰਨਗੇ। ਅਗਲੇ ਆਦੇਸ਼ਾਂ ਤਕ ਇੱਥੇ ਕੋਈ 'ਡਾਈਨ-ਇਨ' ਸਹੂਲਤ ਨਹੀਂ ਹੋਵੇਗੀ। ਰਾਤ 8 ਵਜੇ ਤੱਕ ਘਰ ਵਿਚ ਡਿਲੀਵਰੀ ਦੀ ਆਗਿਆ ਹੋ ਸਕਦੀ ਹੈ।ਇਸ ਤੋਂ ਇਲਾਵਾ ਪੰਜਾਬ ਸਰਕਾਰ ਵਲੋਂ ਜਾਰੀ ਹਦਾਇਤਾਂ, ਸੰਬਧਿਤ ਮੈਨੇਜਮੈਂਟ ਭਾਰਤ ਸਰਕਾਰ ਵੱਲੋਂ ਜਾਰੀ ਐਸ.ਓ.ਪੀਜ਼ ਦੀਆਂ ਗਾਈਡਲਾਈਨਜ਼, ਇਨਾਂ ਸਥਾਨਾਂ ਤੇ ਕੋਵਿਡ-19 ਦੇ ਫੈਲਾਅ ਨੂੰ ਰੋਕਣ ਲਈ ਭਾਰਤ ਸਰਕਾਰ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰਾਲੇ (ਐਮ.ਐਚ.ਐਫ.ਡਬਲਯੂ) ਦੇ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਨ ਨੂੰ ਯਕੀਨੀ ਬਣਾਉਣਗੇ।

ਲੋਕਾਂ ਦੀ ਆਵਾਜਾਈ ਸਬੰਧੀ (ਰਾਤ ਦਾ ਕਰਫਿਊ)- ਰਾਤ 9 ਵਜੇ ਤੋਂ ਲੈ ਕੇ ਸਵੇਰੇ 05 ਵਜੇ ਤਕ ਵਿਅਕਤੀਆਂ ਵਲੋਂ ਗੈਰ ਜਰੂਰੀ ਗਤੀਵਿਧੀਆਂ ਕਰਨ 'ਤੇ ਪਾਬੰਦੀ ਰਹੇਗੀ। 65 ਸਾਲ ਤੋਂ ਵੱਧ ਉਮਰ ਵਾਲੇ ਵਿਅਕਤੀ, persons with co-morbidity, ਗਰਭਵਤੀ ਔਰਤਾਂ ਅਤੇ 10 ਸਾਲ ਤੋਂ ਘੱਟ ਉਮਰ ਦੇ ਬੱਚੇ, ਜਰੂਰੀ ਕੰਮ ਜਾਂ ਸਿਹਤ ਸੇਵਾਵਾਂ ਤੋਂ ਬਿਨਾਂ ਘਰ ਵਿਚ ਰਹਿਣਗੇ। ਭਾਰਤ ਸਰਕਾਰ ਦੇ ਗ੍ਰਹਿ ਵਿਭਾਗ ਵਲੋਂ 30 ਮਈ 2020 ਤਹਿਤ ਜਾਰੀ ਹਦਾਇਤਾਂ ਤਹਿਤ ਸਿਨੇਮਾ ਹਾਲ, ਜਿੰਮਨੇਜ਼ੀਅਮ, ਸਵਿੰਮਗ ਪੂਲ, ਮਨੋਰੰਜਨ ਪਾਰਕ, ਥਿਏਟਰ, ਬਾਰਜ਼, ਆਡੋਟੋਰੀਅਮ, ਐਸੰਬਲੀ ਹਾਲ ਅਤੇ ਪੈਲੇਸ ਬੰਦ ਰਹਿਣਗੇ। । ਸਾਰੀਆਂ ਤਰਾਂ ਦੀਆਂ ਸਮਾਜਿਕ, ਰਾਜੀਨੀਤਿਕ, ਖੇਡਾਂ, ਮਨੋਰੰਜਕ, ਅਕੈਡਮਿਕ, ਸੱਭਿਆਚਾਰਕ ਅਤੇ ਧਾਰਮਿਕ ਪਰੋਗਰਾਮ ਕਰਨ 'ਤੇ ਪਾਬੰਦੀ ਹੋਵੇਗੀ ਅਤੇ ਨਾ ਹੀ ਭੀੜ ਇਕੱਤਰ ਜਾ ਸਕਦੀ ਹੈ। ਜਨਤਕ ਸਥਾਨਾਂ 'ਤੇ ਥੁੱਕਣ ਦੀ ਮਨਾਹੀ ਹੋਵੇਗੀ। ਬਾਰ ਬੰਦ ਰਹਿਣਗੇ। ਜਨਤਕ ਸਥਾਨਾਂ 'ਤੇ ਸਰਾਬ ਪੀਣ, ਪਾਨ, ਗੁਟਕਾ ਤੇ ਤੰਬਾਕੂ ਆਦਿ ਖਾਣ 'ਤੇ ਮਨਾਹੀ ਹੋਵੇਗੀ ਭਾਵੇਂ ਕਿ ਇਨਾਂ ਦੇ ਵੇਚਣ 'ਤੇ ਰੋਕ ਨਹੀਂ ਹੈ।

ਇਕ ਰਾਜ ਵਿਚੋਂ ਦੂਜੇ ਰਾਜ ਵਿਚ ਕਾਰ, ਬੱਸ, ਰੇਲ ਗੱਡੀਆਂ ਜਾਂ ਘਰੇਲੂ ਉਡਾਣਾ ਆਦਿ ਰਾਹੀਂ ਜਾਣ ਦੌਰਾਨ ਸਿਹਤ ਵਿਭਾਗ ਵਲੋਂ ਜਾਰੀ ਹਦਾਇਤਾਂ ਦੀ ਪਾਲਣਾ ਕਰਨ ਨੂੰ ਯਕੀਨੀ ਬਣਾਉਣਗੇ। ਪੈਸੰਜਰ ਆਪਣੇ ਮੋਬਾਇਲ ਤੇ 'ਕੋਵਾ ਐਪ' ਡਾਊਨਲੋਡ ਕਰਣਗੇ ਅਤੇ ਖੁਦ ਈ-ਪਾਸ ਜਨਰੇਟ ਕਰ ਸਕਦੇ ਹਨ ਅਤੇ ਏਅਰਪੋਰਟ/ਰੇਲਵੇ ਸਟੇਸ਼ਨ/ਬੱਸ ਅੱਡੇ/ਅੰਤਰ-ਰਾਜੀ ਬਾਰਡਰ 'ਤੇ ਆਪਣੇ ਪਾਰਟੀਕੁਲਰ ਡੇਕਲੇਅ੍ਰ ਕਰ ਸਕਦੇ ਹਨ।

ਬੱਸਾਂ ਅਤੇ ਵਹੀਕਲਾਂ ਦੀ ਆਵਾਜਾਈ ਸਬੰਧੀ-

ਸਟੇਟ ਟਰਾਂਸਪੋਰਟ ਵਿਭਾਗ ਵਲੋਂ ਜਾਰੀ ਹਦਾਇਤਾਂ ਤਹਿਤ 9nter-state movement of buses (ਇਕ ਰਾਜ ਵਿਚੋਂ ਦੂਜੇ ਰਾਜ ਵਿਚ ਜਾਣ ਲਈ) ਚੱਲ ਸਕਣਗੀਆਂ। ਸਟੇਟ ਟਰਾਂਸਪੋਰਟ ਵਿਭਾਗ ਵਲੋਂ ਜਾਰੀ ਹਦਾਇਤਾਂ ਤਹਿਤ 9ntra-state movement of buses (ਸੂਬੇ ਵਿਚ ਹੀ ਚੱਲਣ ਸਬੰਧੀ) ਚੱਲ ਸਕਣਗੀਆਂ।

9nter-state movement of passenger vehicle- 'ਟੈਕਸੀਆਂ, ਕੇਟਸ, ਸਟੇਗ ਕੈਰੀਅਰਜ, ਟੈਪੋ ਟਰੈਵਲਰ ਅਤੇ ਕਾਰਾਂ ਖੁਦ ਜਨਰੇਟ ਕੀਤੇ ਈ ਪਾਸ ਰਾਹੀਂ ਚੱਲ ਸਕਣਗੀਆਂ। 9ntra-state movement of passenger vehicle- 'ਟੈਕਸੀਆਂ, ਕੇਟਸ, ਸਟੇਗ ਕੈਰੀਅਰਜ, ਟੈਪੋ ਟਰੈਵਲਰ ਅਤੇ ਕਾਰਾਂ ਚੱਲਣ 'ਤੇ ਕੋਈ ਰੋਕ ਨਹੀਂ ਹੋਵੇਗੀ। ਬਾਈ-ਸਾਈਕਲ, ਰਿਕਸ਼ਾ ਅਤੇ ਆਟੋ -ਰਿਕਸ਼ਾ, ਸਟੇਟ ਟਰਾਂਸਪੋਰਟ ਵਿਭਾਗ ਵਲੋਂ ਜਾਰੀ ਐਸ.ਓ.ਪੀ (Standard Operating Procedure) ਤਹਿਤ ਚੱਲ ਸਕਣਗੇ । ਟੂ ਵੀਲ•ਰ, ਪੰਜਾਬ ਲਈ 1 ਪਲੱਸ 1, ਸਟੇਟ ਟਰਾਂਸਪੋਰਟ ਵਿਭਾਗ ਵਲੋਂ ਜਾਰੀ

ਐਸ.ਓ.ਪੀ ਤਹਿਤ ਚੱਲ ਸਕਣਗੇ l ਫੌਰ ਵੀਲ•ਰ, 1 ਪਲੱਸ 2 ਨਾਲ  ਸਟੇਟ ਟਰਾਂਸਪੋਰਟ ਵਿਭਾਗ ਵਲੋਂ ਜਾਰੀ ਐਸ.ਓ.ਪੀ ਤਹਿਤ ਚੱਲ ਸਕਣਗੇ l ਬਜਾਰ ਜਾਣ, ਦਫਤਰ ਜਾਂ ਕੰਮ ਵਾਲੇ ਸਥਾਨ 'ਤੇ ਜਾਣ ਲਈ ਪਾਸ ਦੀ ਲੋੜ ਨਹੀਂ ਹੋਵੇਗੀ। ਇਕ ਸੂਬੇ ਵਿਚੋਂ ਦੂਸਰੇ ਸੂਬੇ ਵਿਚ ਜਾਣ ਲਈ ਗੁੱਡਜ਼ ਮੂਵਮੈਂਟ ਉੱਪਰ ਕੋਈ ਰੋਕ ਨਹੀਂ ਹੋਵੇਗੀ। ਵਿਅਕਤੀਆਂ ਦੇ ਇਕ ਸ਼ਹਿਰ ਤੋਂ ਦੂਜੇ ਸ਼ਹਿਰ ਜਾਂ ਜਿਲੇ ਵਿਚ ਜਾਣ ਲਈ ਕੋਈ ਰੋਕ ਨਹੀਂ ਹੋਵੇਗੀ। ਪਰ ਸ਼ੋਸਲ ਵਿਜਿਟ ਕਰਨ ਸਮੇਂ ਸਿਹਤ ਵਿਭਾਗ ਵਲੋਂ ਜਾਰੀ ਐਸ.ਓ.ਪੀ ਨੂੰ ਧਿਆਨ ਵਿਚ ਰੱਖਣਾ ਚਾਹੀਦਾ ਹੈ।

ਦੁਕਾਨਾਂ ਖੋਲ•ਣ ਸਬੰਧੀ- ਸ਼ਹਿਰੀ ਅਤੇ ਪੇਂਡੂ ਖੇਤਰ ਵਿਚ ਦੁਕਾਨਾਂ ਸਵੇਰੇ 7 ਵਜੇ ਤੋਂ ਸ਼ਾਮ 7 ਵਜੇ ਤਕ ਬਿਨਾਂ ਕਿਸੇ ਰੋਕ ਜਾਂ ਰੁਟੇਸ਼ਨ ਦੇ ਖੁੱਲ• ਸਕਦੀਆਂ ਹਨ। ਲੋਕਲ ਅਥਾਰਟੀ ਜਾਂ ਮਾਰਕਿਟ ਐਸੋਸ਼ੀਏਸ਼ਨ ਨਿਰਦਾਰਿਤ ਕੀਤੇ ਸਮੇਂ ਸਵੇਰੇ 7 ਵਜੇ ਤੋਂ ਸ਼ਾਮ 7 ਵਜੇ ਵਿਚਕਾਰ ਲੋਕਲ ਜਰੂਰਤਾਂ ਅਨੁਸਾਰ ਸਮੇਂ ਵਿਚ ਤਬਦੀਲੀ ਕਰ ਸਕਦੀਆਂ ਹਨ। ਸ਼ਰਾਬ ਦੇ ਠੇਕੇ ਸਵੇਰੇ 8 ਵਜੇ ਤੋਂ ਸ਼ਾਮ 8 ਵਜੇ ਤਕ ਖੁੱਲ•ਣਗੇ।

ਖੇਡ ਕੰਪਲੈਕਸ ਅਤੇ ਸਟੇਡੀਅਮ ਬਿਨਾਂ ਦਰਸ਼ਕਾਂ ਦੇ ਸਿਹਤ ਵਿਭਾਗ ਵਲੋਂ ਜਾਰੀ ਐਸ.ਓ.ਪੀ ਤਹਿਤ ਖੋਲ•ੇ ਜਾ ਸਕਦੇ ਹਨ। ਸ਼ਹਿਰੀ ਅਤੇ ਪੇਂਡੂ ਖੇਤਰ ਵਿਚ ਇੰਸਡਟਰੀਜ਼ ਅਤੇ ਇੰਡਸਟਰੀਅਲ 5stablishments  ਆਪਣਾ ਕੰਮ ਕਰ ਸਕਦੀਆਂ ਹਨ। ਸ਼ਹਿਰੀ ਅਤੇ ਪੇਂਡੂ ਖੇਤਰ ਵਿਚ ਕੰਸ਼ਟਰੱਕਸ਼ਨ ਦਾ ਕੰਮ ਕੀਤਾ ਜਾ ਸਕਦਾ ਹੈ। ਖੇਤੀਬਾੜੀ, ਬਾਗਬਾਨੀ, ਐਨੀਮਲ ਹਸਬੈਂਡਰੀ ਅਤੇ ਵੈਟਰਨਰੀ ਸੇਵਾਵਾਂ ਬਿਨਾਂ ਰੋਕ ਦੇ ਕੰਮ ਕਰ ਸਕਦੇ ਹਨ। ਸਾਰੀਆਂ ਵਸਤਾਂ ਲਈ ਈ.-ਕਾਮਰਸ ਦੀ ਆਗਿਆ ਹੋਵੇਗੀ। ਸੈਂਟਰਲ ਅਤੇ ਪ੍ਰਾਈਵੇਟ ਦਫਤਰ ਬਿਨਾਂ ਰੋਕ ਦੇ ਖੁੱਲ• ਸਕਦੇ ਹਨ ਪਰ ਸ਼ੋਸਲ ਡਿਸਟੈਂਸ ਅਤੇ ਮਾਸਕ ਪਹਿਨਣ ਨੂੰ ਲਗਾਤਾਰ ਯਕੀਨੀ ਬਣਾਉਣਗੇ। ਪੰਜਾਬ ਸਰਕਾਰ ਦੇ ਸਾਰੇ ਦਫਤਰ ਜਰੂਰਤ ਸਟਾਫ ਨਾਲ ਖੁੱਲਣਗੇ। ਸਾਰੇ  ਦਫਤਰ ਸ਼ੋਲਸ ਡਿਸਟੈਂਸ ਮੈਨਟੇਨ ਰੱਖਣ ਨੂੰ ਯਕੀਨੀ ਬਣਾਉਣਗੇ ਅਤੇ ਜੇਕਰ ਦਫਤਰ ਵਿਚ ਬੈਠਣ ਦੀ ਜਗ•ਾ ਘੱਟ ਹੈ ਤਾਂ ਸਟਾਫ ਰੋਟੇਸ਼ਨ ਵਿਚ ਬੁਲਾਇਆ ਜਾ ਸਕਦਾ ਹੈ।

ਪਬਲਿਕ ਪਾਰਕ ਬਿਨਾਂ ਭੀੜ ਤੋਂ ਖੋਲ•ੇ ਜਾ ਸਕਦੇ ਹਨ। ਸਕੂਲ, ਕਾਲਜ, ਸਿੱਖਿਆ ਅਤੇ ਕੋਚਿੰਗ ਸੰਸਥਾਵਾਂ ਆਪੇ ਦਫਤਰ ਖੋਲ• ਸਕਦੇ ਹਨ, ਸਿਰਫ ਆਨਲਾਈਨ ਪੜ•ਾਈ ਕਰਵਾ ਸਕਦੀਆਂ ਹਨ ਅਤੇ ਕਿਤਾਬਾਂ ਵੰਡ ਸਕਦੇ ਹਨ। ਬੈਂਕ ਅਤੇ ਫਾਇਨਾਂਸ ਸੰਸਥਾਵਾਂ ਆਪਣੇ ਟਾਇਮ ਅਨੁਸਾਰ ਖੁੱਲ• ਸਕਦੇ ਹਨ। ਨਾਈਆਂ ਦੀਆਂ ਦੁਕਾਨਾਂ(ਬਾਰਬਾਰ) , ਬਿਊਟੀ ਪਾਰਲਰ, ਸਲੂਨ ਅਤੇ ਮਸਾਜ ਸੈਂਟਰ, ਮਨਿਸਟਰੀ ਆਫ ਹੈਲਥ ਫੈਮਿਲੀ ਵੈਲਫੇਅਰ ਵਲੋਂ ਜਾਰੀ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਸਵੇਰੇ 7 ਵਜੇ ਤੋਂ ਸ਼ਾਮ 7 ਵਜੇ ਤਕ ਖੁੱਲ• ਸਕਦੇ ਹਨ।

ਸ਼ੋਸਲ ਡਿਸਟੈਂਸ ਅਤੇ ਮਾਸਕ ਪਾਉਣ:    ਕੰਮ ਕਾਜ ਦੌਰਾਨ ਸ਼ੋਸ਼ਲ ਡਿਸਟੈਂਸਮੈਨਟੇਨ ਰੱਖਣ ਨੂੰ ਯਕੀਨੀ ਬਣਾਇਆ ਜਾਵੇ ਅਤੇ ਘੱਟੋ ਘੱਟ 6 ਫੁੱਟ ਦੀ ਦੂਰੀ ਬਣਾ ਕੇ ਰੱਖੀ ਜਾਵੇ। ਇਸੇ ਤਰਾਂ ਜੇ ਕੋਈ ਪਰਮਿਟਡ ਐਕਟਵਿਟੀ ਦੌਰਾਨ ਭੀੜ ਜਾਂ ਜਿਆਦਾ ਇਕੱਠ ਹੁੰਦਾ ਹੈ ਤਾਂ ਸਟੈਗਰਿੰਗ, ਰੋਟੇਸ਼ਨ, ਆਫਿਸ ਅਤੇ ਸੰਸਥਾਵਾਂ ਦਾ ਸਮਾਂ ਆਦਿ ਸਬੰਧੀ ਜਰੂਰੀ ਸਟੈੱਪ ਉਠਾਏ ਜਾ ਸਕਦੇ ਹਨ ਅਤੇ ਕਿਸੇ ਵੀ ਹਾਲਤ ਵਿਚ ਸ਼ੋਸਲ ਡਿਸਟੈਂਸ ਦੀ ਅਣਗਹਿਲੀ ਨਹੀਂ ਕੀਤੀ ਜਾ ਸਕਦੀ। ਹਰੇਕ ਵਿਅਕਤੀ ਜਨਤਕ ਸਥਾਨਾਂ ਅਤੇ ਕੰਮ ਕਰਨ ਵਾਲੀਆਂ ਥਾਵਾਂ 'ਤੇ ਜਰੂਰੀ ਤੋਰ 'ਤੇ ਮਾਸਕ ਪਹਿਨਣ ਨੂੰ ਲਾਜ਼ਮੀ ਬਣਾਉਣਗੇ।

ਪਰਮਿਟ ਅਤੇ ਪਾਸ :   ਇੰਸਡਟਰੀਜ਼ ਅਤੇ ਇੰਡਸਟਰੀਅਲ 5stablishments ਨੂੰ ਕੰਮ ਕਾਜ ਲਈ ਵੱਖਰੇ ਤੋਰ 'ਤੇ ਕੋਈ ਪਰਮਿਸ਼ਨ ਦੀ ਲੋੜ ਨਹੀਂ ਹੋਵੇਗੀ। ਸਾਰੇ ਕਰਮਚਾਰੀ, ਸਰਕਾਰੀ ਦਫਤਰ, ਪ੍ਰਾਈਵੇਟ ਦਫਤਰ ਅਤੇ ਕੰਮ ਕਰਨ ਵਾਲੀਆਂ ਥਾਵਾਂ 'ਤੇ ਸਵੇਰੇ 5 ਵਜੇ ਤੋਂ ਸ਼ਾਮ 9 ਵਜੇ ਤਕ ਆਵਾਜਾਈ ਲਈ ਕਿਸੇ ਪਾਸ ਦੀ ਜਰੂਰਤ ਨਹੀਂ ਹੋਵੇਗੀ। ਵਿਅਕਤੀਆਂ ਦੇ ਇਕ ਰਾਜ ਤੋਂ ਦੂਜੇ ਰਾਜ ਵਿਚ ਜਾਣ ਤੇ ਰੋਕ ਨਹੀਂ ਹੋਵੇਗੀ ਤੇ ਨਾ ਹੀ ਵੱਖਰੇ ਤੋਰ 'ਤੇ ਪਰਮਿਸ਼ਨ ਦੀ ਲੋੜ ਹੋਵੇਗੀ। ਈ-ਪਾਸ ਮੂਵਮੈਂਟ ਲਈ ਜਰੂਰੀ ਤੋਰ ਤੇ ਹੋਣਾ ਚਾਹੀਦਾ ਹੈ। 'ਕੋਵਾ ਐਪ' ਰਾਹੀ ਖੁਦ ਜਨਰੇਟ ਕੀਤਾ ਈ ਪਾਸ ਲਾਜਮੀ ਤੋਰ ਤੇ ਹੋਣਾ ਚਾਹੀਦਾ ਹੈ।

ਅਰੋਗਿਆ ਸੇਤੂ ਦੀ ਵਰਤੋਂ : ਕਰਮਚਾਰੀਆਂ ਨੂੰ ਐਡਵਾਈਜ਼ਡ ਕੀਤੀ ਹੈ ਕਿ ਉਹ ਯਕੀਨੀ ਬਣਾਉਣਗੇ ਕਿ ਅਰੋਗਿਆ ਸੇਤੂ ਆਪਣੇ ਮੋਬਾਇਲ ਫੋਨ ਤੇ ਡਾਊਨਲੋਡ ਕਰਨਗੇ। ਇਸੇ ਤਰਾਂ ਜਿਲਾ ਅਥਾਰਟੀ ਵਲੋਂ ਆਮ ਲੋਕਾਂ ਨੂੰ ਐਡਵਾਈਜ਼ਡ ਕੀਤਾ ਜਾਂਦਾ ਹੈ ਕਿ ਉਹ ਆਪਣੇ ਮੋਬਾਇਲ ਫੋਨ ਤੇ ਅਰੋਗਿਆ ਸੇਤੂ ਐਪਲੀਕੇਸ਼ਨ ਡਾਊਨਲੋਡ ਕਰਨਗੇ ਅਤੇ ਐਪ ਰਾਹੀਂ ਰੈਗੂਲਰ ਆਪਣਾ ਹੈਲਥ ਸਟੇਟਸ ਅਪਡੇਟ ਕਰਨਗੇ।

ਅਗਰ ਕੋਈ ਵਿਅਕਤੀ ਲਾਕ ਡਾਊਨ ਜਾਂ ਉੱਪਰ ਦਿੱਤੀਆਂ ਹਦਾਇਤਾਂ ਦੀ ਉਲੰਘਣਾ ਕਰਦਾ ਹੈ ਤਾਂ ਉਸ ਵਿਰੁੱਧ '"he disaster management 1ct, ੨੦੦੫ ਦੇ ਸੈਕਸ਼ਨ 51 ਤੋਂ 60 ਅਧੀਨ ਅਤੇ ਆਈ.ਪੀ.ਸੀ ਦੀ ਧਾਰਾ 188 ਤਹਿਤ ਕਾਨੂੰਨੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ।

ਐਡਵਾਇਜ਼ਰੀ :   ਪੰਜਾਬ ਸਰਕਾਰ ਦੇ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਵਲੋਂ ਸਮੇਂ 'ਤੇ ਐਡਵਾਇਜ਼ਰੀਆਂ ਜਾਰੀ ਕੀਤੀਆਂ ਗਈਆਂ ਸਨ। ਸਿਹਤ ਵਿਭਾਗ ਵਲੋਂ 20 ਅਪਰੈਲ 2020 ਨੂੰ ਦਫਤਰਾਂ ਸਬੰਧੀ, 23 ਅਪ੍ਰੈਲ ਨੂੰ ਬੈਂਕਾਂ ਸਬੰਧੀ, 24 ਅਪ੍ਰੈਲ ਨੂੰ ਰਿਹਾਇਸ਼ੀ ਅਤੇ ਕਮਰਸ਼ੀਅਲ ਖੇਤਰ ਵਿਚ ਏਅਰ-ਕੰਡੀਸ਼ਨਰ ਚਲਾਉਣ ਸਬੰਧੀ, 25 ਅਪੈਲ ਨੂੰ ਉਦਯੋਗਾਂ ਸਬੰਧੀ, 26 ਅਪਰੈਲ ਨੂੰ ਮਗਨਰੇਗਾ ਕੰਮਾਂ ਸਬੰਧੀ, 28 ਅਪ੍ਰੈਲ ਨੂੰ ਦੁਕਾਨਾਂ ਸਬੰਧੀ, 29 ਅਪਰੈਲ ਨੂੰ ਪੈਟੋਰਲ ਪੰਪਾਂ ਸਬੰਧੀ, 30 ਅਪ੍ਰੈਲ ਨੂੰ ਗੁੱਡਜ਼ ਵਹੀਕਲਾਂ ਸਬੰਧੀ, 2 ਮਈ ਨੂੰ ਸੀਨੀਅਰ ਸਿਟੀਜਨਾਂ ਸਬੰਧੀ, 6 ਮਈ ਨੂੰ ਟਰਾਂਸਪੋਰਟ ਬੱਸਾਂ ਸਬੰਧੀ, 7 ਮਈ ਨੂੰ ਘਰੇਲੂ ਵਰਤੇ ਜਾਣ ਵਾਲ ਖਾਧ ਪਦਾਰਥਾਂ ਸਬੰਧੀ, 11 ਮਈ ਨੂੰ ਇੰਟਰ-ਸਟੇਟ ਆਵਾਜਾਈ ਸਬੰਧੀ ਅਤੇ 12 ਮਈ ਨੂੰ ਹੋਟਲਾਂ ਵਲੋਂ ਵਿਦੇਸਾਂ ਵਿਚੋਂ ਆ ਰਹੇ ਭਾਰਤੀਆਂ ਨੂੰ ਏਕਾਂਤਵਾਸ ਕੇਂਦਰਾਂ ਵਿਚ ਸੇਵਾਵਾਂ ਦੇਣ ਸਬੰਧੀ ਐਡਵਾਇਜ਼ਰੀਆਂ ਜਾਰੀ ਕੀਤੀਆਂ ਗਈਆਂ ਸਨ।

ਇਹ ਹੁਕਮ 8 ਜੂਨ 2020 ਨੂੰ ਲਾਗੂ ਹੋਣਗੇ।

------------------

I/31867/2020

ਜ਼ਿਲਾ ਲੋਕ ਸੰਪਰਕ ਦਫ਼ਤਰ, ਗੁਰਦਾਸਪੁਰ।

'ਮਿਸ਼ਨ ਫ਼ਤਿਹ'

ਲੋਕ ਕੋਰੋਨਾ ਵਾਇਰਸ ਤੋਂ ਬਚਾਅ ਲਈ ਜਾਰੀ ਹਦਾਇਤਾਂ ਦੀ ਪਾਲਣਾ ਕਰਨ ਨੂੰ ਯਕੀਨੀ ਬਣਾਉਣ-ਸਿਵਲ ਸਰਜਨ

ਅੱਜ 03 ਵਿਅਕਤੀਆਂ ਦੀ ਰਿਪੋਰਟ ਆਈ ਪੋਜ਼ਟਿਵ- ਐਕਟਿਵ ਕੋਰੋਨਾ ਕੇਸਾਂ ਦੀ ਗਿਣਤੀ 16 ਹੋਈ

ਗੁਰਦਾਸਪੁਰ, 7 ਜੂਨ ( ) ਡਾ. ਕਿਸ਼ਨ ਚੰਦ ਸਿਵਲ ਸਰਜਨ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਗੁਰਦਾਸਪੁਰ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਜ਼ਿਲੇ ਅੰਦਰ ਕੋਰੋਨਾ ਵਾਇਰਸ ਦੇ ਫੈਲਾਅ ਨੂੰ ਰੋਕਣ ਲਈ ਵੱਖ-ਵੱਖ ਹਦਾਇਤਾਂ ਜਾਰੀ ਕੀਤੀਆਂ ਗਈਆਂ , ਲੋਕ ਉਨਾਂ ਦੀ ਪਾਲਣਾ ਕਰਨ ਨੂੰ ਯਕੀਨੀ ਬਣਾਉਣ, ਮਾਸਕ ਲਾਜ਼ਮੀ ਤੋਰ ਤੇ ਪਹਿਨਿਆ ਜਾਵੇ ਅਤੇ ਸ਼ੋਸਲ ਡਿਸਟੈਂਸ ਮੈਨਟੇਨ ਕਰਕੇ ਰੱਖਿਆ ਜਾਵੇ। ਉਨਾਂ ਅੱਗੇ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਕੋਵਿਡ-19 ਖ਼ਿਲਾਫ਼ ਜੰਗ ਨੂੰ ਸੂਬੇ ਭਰ ਵਿੱਚ ਜ਼ਮੀਨੀ ਪੱਧਰ ਤੱਕ ਲੈ ਜਾਣ ਲਈ ਪੰਜਾਬ ਦੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਵਲੋਂ 'ਮਿਸ਼ਨ ਫ਼ਤਿਹ' ਤਹਿਤ ਇਸ ਮਹਾਂਮਾਰੀ ਬਾਰੇ ਲੋਕਾਂ ਵਿੱਚ ਵਿਆਪਕ ਪੱਧਰ ਉਤੇ ਜਾਗਰੂਕਤਾ ਫੈਲਾਉਣ ਦੇ ਮਕਸਦ ਨਾਲ ਇਸ ਮੁਹਿੰਮ ਦਾ ਆਗਾਜ਼ ਕੀਤਾ ਗਿਆ ਹੈ ਤੇ ਜ਼ਿਲੇ ਭਰ ਅੰਦਰ ਲੋਕਾਂ ਨੂੰ ਕੋਰੋਨਾ ਵਾਇਰਸ ਤੋਂ ਬਚਾਅ ਲਈ ਜਾਗਰੂਕ ਕਰਨ ਦਾ ਟੀਚਾ ਮਿਥਿਆ ਗਿਆ ਹੈ। ਉਨਾਂ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਸਮੂਹਿਰ ਸਹਿਯੋਗ ਨਾਲ 'ਮਿਸ਼ਨ ਫਤਹਿ' ਦੇ ਉਦੇਸ ਨੂੰ ਪ੍ਰਾਪਤ ਕੀਤਾ ਜਾ ਸਕਦਾ ਹੈ।

ਉਨਾਂ ਅੱਗੇ ਦੱਸਿਆ ਕਿ ਅੱਜ 03 ਵਿਅਕਤੀਆਂ ਦੀ ਰਿਪੋਰਟ ਪੋਜ਼ਟਿਵ ਆਈ ਹੈ। ਇਨਾਂ ਵਿਚ 02 ਪੀੜਤ ਬੀਤੇ ਦਿਨੀ ਸ਼ੁਕਰਪੁਰਾ ਬਟਾਲਾ ਦੇ ਪੋਜਟਿਵ ਮਰੀਜ਼ ਦੇ ਸੰਪਰਕ ਵਿਚ ਆਏ ਸਨ, ਇਹ ਉਸਦੇ ਪਰਿਵਾਰਕ ਮੈਂਬਰ ਹਨ। ਪਿੰਡ ਕੰਮੋਨੰਗਲ (ਬਟਾਲਾ) ਦੀ ਪੀੜਤ ਔਰਤ ਦੇ ਸੰਪਰਕ ਵਿਚ ਆਈ ਉਸਦੀ ਪਰਿਵਾਰਕ ਮੈਂਬਰ ਦੀ ਰਿਪੋਰਟ ਵੀ ਪੋਜਟਿਵ ਆਈ ਹੈ।

ਜਿਲੇ ਅੰਦਰ ਕੋਰੋਨਾ ਵਾਇਰਸ ਦੇ 5093 ਸ਼ੱਕੀ ਮਰੀਜਾਂ ਦੀ ਸੈਂਪਲਿੰਗ ਕੀਤੀ ਗਈ, ਜਿਸ ਵਿਚੋਂ 4698 ਨੈਗਵਿਟ, 247 ਪੈਂਡਿੰਗ ਅਤੇ 151 ਪੋਜਟਿਵ ਮਰੀਜ ਸ਼ਾਮਿਲ ਹਨ। 148 ਕੋਰੋਨਾ ਪੀੜਤਾਂ ਵਿਚੋਂ 03 ਵਿਅਕਤੀਆਂ ਦੀ ਮੋਤ ਹੋ ਚੁੱਕੀ ਹੈ, 133 ਮਰੀਜਾਂ ਘਰਾਂ ਨੂੰ ਭੇਜੇ ਗਏ ਹਨ, (129 ਠੀਕ ਹੋਏ ਹਨ ਅਤੇ 04 ਘਰਾਂ ਵਿਚ ਏਕਾਂਤਵਾਸ ਕੀਤੇ ਗਏ ਹਨ ਅਤੇ ਜਿਲੇ ਵਿਚ 16 ਐਕਟਿਵ ਕੇਸ ਹਨ।

ਬਟਾਲਾ ਵਿਖੇ 06, ਧਾਰੀਵਾਲ ਵਿਖੇ 06 ਅਤੇ 04 ਪੀੜਤ ਅੰਮ੍ਰਿਤਸਰ ਵਿਖੇ ਦਾਖਲ ਹਨ।

----------------

I/31877/2020

ਜਿਲਾ ਲੋਕ ਸੰਪਰਕ ਦਫਤਰ, ਗੁਰਦਾਸਪੁਰ।

'ਮਿਸ਼ਨ ਫ਼ਤਿਹ'

ਕੋਵਿਡ-19 ਨੂੰ ਫੈਲਣ ਤੋਂ ਰੋਕਣ ਲਈ ਹਰ ਵਿਅਕਤੀ ਜਨਤਕ ਥਾਵਾਂ 'ਤੇ ਜਾਣ ਸਮੇਂ ਮਾਸਕ ਪਹਿਨੇ ਅਤੇ ਉਚਿਤ ਸਮਾਜਿਕ ਦੂਰੀ ਦੇ ਨਿਯਮ ਦੀ ਪਾਲਣਾ ਕਰੇ-ਐਸ.ਡੀ.ਐਮ ਬੱਲ

ਦੇਸ਼ ਦੇ ਵੱਖ-ਵੱਖ ਸੂਬਿਆਂ ਅਤੇ ਵਿਦੇਸ਼ਾਂ ਵਿੱਚੋਂ ਪਰਤ ਰਹੇ ਵਿਅਕਤੀ ਇਕਾਂਤਵਾਸ ਨਿਯਮਾਂ ਦੀ ਪਾਲਣਾ ਕਰਨ

ਗੁਰਦਾਸਪੁਰ, 7 ਜੂਨ (              ) ਸ. ਸਕੱਤਰ ਸਿੰਘ ਬੱਲ ਐਸ.ਡੀ.ਐਮ ਗੁਰਦਾਸਪੁਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਡਿਪਟੀ ਕਮਿਸ਼ਨਰ ਜਨਾਬ ਮੁਹੰਮਦ ਇਸ਼ਫਾਕ ਦੀ ਅਘਵਾਈ ਹੇਠ 'ਮਿਸ਼ਨ ਫ਼ਤਿਹ' ਤਹਿਤ ਲੋਕਾਂ ਨੂੰ ਕੋਰੋਨਾ ਵਾਇਰਸ ਤੋਂ ਬਚਣ ਅਤੇ ਇਸਦੇ ਫੈਲਾਅ ਨੂੰ ਰੋਕਣ ਦੇ ਮੰਤਵ ਨਾਲ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ ਅਤੇ ਲੋਕਾਂ ਅਪੀਲ ਕੀਤੀ ਗਈ ਹੈ ਕਿ ਉਹ ਸਰਕਾਰ ਅਤੇ ਸਿਹਤ ਵਿਭਾਗ ਵਲੋਂ ਜਾਰੀ ਹਦਾਇਤਾਂ ਦੀ ਪਾਲਣਾ ਕਰਨ। ਉਨਾਂ ਦੱਸਿਆ ਕਿ ਦੇਸ਼ ਦੇ ਵੱਖ-ਵੱਖ ਸੂਬਿਆਂ ਅਤੇ ਵਿਦੇਸ਼ਾਂ ਵਿੱਚੋਂ ਪਰਤ ਰਹੇ ਵਿਅਕਤੀਆਂ ਨੂੰ ਇਕਾਂਤਵਾਸ ਨਿਯਮਾਂ ਦੀ ਪਾਲਣਾ ਕਰਨ ਦੀ ਅਪੀਲ ਕੀਤੀ ਹੈ ਅਤੇ ਸਿਹਤ ਵਿਭਾਗ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਮੁਤਾਬਕ ਘਰ, ਸਰਕਾਰੀ ਇਕਾਂਤਵਾਸ ਸੈਂਟਰ ਤੇ ਪ੍ਰਾਈਵੇਟ ਹੋਟਲਾਂ ਵਿੱਚ ਇਕਾਂਤਵਾਸ ਦੇ ਨਿਯਮ ਲਾਗੂ ਕੀਤੇ ਗਏ ਹਨ।

ਐੱਸ.ਡੀ.ਐੱਮ ਬੱਲ ਨੇ ਕਿਹਾ ਕਿ ਕੋਵਿਡ-19 ਨੂੰ ਫੈਲਣ ਤੋਂ ਰੋਕਣ ਲਈ ਇਹ ਜ਼ਰੂਰੀ ਹੈ ਕਿ ਹਰ ਵਿਅਕਤੀ ਜਨਤਕ ਥਾਵਾਂ 'ਤੇ ਜਾਣ ਸਮੇਂ ਮਾਸਕ ਪਹਿਨੇ ਅਤੇ ਉਚਿਤ ਸਮਾਜਿਕ ਦੂਰੀ ਦੇ ਨਿਯਮ ਦੀ ਪਾਲਣਾ ਕਰੇ। ਉਨ•ਾਂ ਦੱਸਿਆ ਕਿ ਡਿਪਟੀ ਕਮਿਸ਼ਨਰ ਦੇ ਆਦੇਸ਼ਾਂ 'ਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਚਲਾਨ ਕਾਪੀਆਂ ਜਾਰੀ ਕਰ ਦਿੱਤੀਆਂ ਗਈਆਂ ਹਨ ਅਤੇ ਕੋਰੋਨਾ ਵਾਇਰਸ ਸਬੰਧੀ ਕਿਸੇ ਵੀ ਸਰਕਾਰੀ ਹਦਾਇਤ ਦੀ ਉਲੰਘਣਾ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

ਉਨਾਂ ਦੱਸਿਆ ਕਿ ਸਰਕਾਰ ਵਲੋਂ ਜਾਰੀ ਹਦਾਇਤਾਂ ਤਹਿਤ ਜੇਕਰ ਕੋਈ ਵਿਅਕਤੀ ਜਨਤਕ ਥਾਂ ਤੇ ਮਾਸਕ ਨਹੀਂ ਪਹਿਨਦਾ ਤਾਂ ਉਸ ਨੂੰ 500 ਰੁਪਏ ਜੁਰਮਾਨਾ ਕੀਤਾ ਜਾਵੇਗਾ ਤੇ ਜਨਤਕ ਥਾਂ ਤੇ ਥੁੱਕਣ ਵਾਲੇ ਨੂੰ ਵੀ 500 ਰੁਪਏ ਜ਼ੁਰਮਾਨਾ ਕੀਤਾ ਜਾਵੇਗਾ। ਉਨ•ਾਂ ਕਿਹਾ ਕਿ ਘਰ ਇਕਾਂਤਵਾਸ ਦੀ ਉਲੰਘਣਾ ਕਰਨ ਵਾਲੇ ਵਿਅਕਤੀ ਨੂੰ 2000 ਰੁਪਏ ਜੁਰਮਾਨਾ ਕੀਤਾ ਜਾਵੇਗਾ। ਉਨ•ਾਂ ਕਿਹਾ ਕਿ ਦੁਕਾਨ ਜਾਂ ਕਿਸੇ ਕਮਰਸ਼ੀਅਲ ਜਗ•ਾ ਤੇ ਜੇ ਕਰ ਸਮਾਜਿਕ ਦੂਰੀ ਦੀ ਉਲੰਘਣਾ ਹੁੰਦੀ ਹੈ ਤਾਂ ਮਾਲਕ ਤੋਂ 2000 ਰੁਪਏ ਦਾ ਜ਼ੁਰਮਾਨਾ ਵਸੂਲਿਆ ਜਾਵੇਗਾ। ਇਸ ਤੋਂ ਇਲਾਵਾ ਸਮਾਜਿਕ ਦੂਰੀ ਦੀ ਉਲੰਘਣਾ ਕਰਨ 'ਤੇ ਬੱਸ ਮਾਲਕਾਂ ਨੂੰ 3000 ਰੁਪਏ, ਕਾਰ ਮਾਲਕ ਨੂੰ 2000 ਰੁਪਏ ਤੇ ਆਟੋ ਰਿਕਸ਼ਾਂ ਤੇ ਦੋ ਪਹੀਆ ਵਾਹਨ ਨੂੰ 500 ਰੁਪਏ ਦਾ ਜੁਰਮਾਨਾ ਕੀਤਾ ਜਾਵੇਗਾ।

I/31883/2020

ਜਿਲਾ ਲੋਕ ਸੰਪਰਕ ਦਫਤਰ, ਗੁਰਦਾਸਪੁਰ।

ਮਿਸ਼ਨ ਫ਼ਤਿਹ

ਝੋਨੇ ਦੀ ਸਿੱਧੀ ਬਿਜਾਈ ਨਾਲ ਜ਼ਮੀਨ ਹੇਠਲਾ ਪਾਣੀ, ਸਮਾਂ, ਮਜ਼ਦੂਰਾਂ ਤੇ ਹੋਣ ਵਾਲਾ ਖਰਚਾ ਅਤੇ ਟਰੈਕਟਰ ਦੀ ਘਸਾਈ ਬਚਦੀ ਹੈ-ਮੁੱਖ ਖੇਤੀਬਾੜੀ ਅਫਸਰ

ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਕਿਸਾਨਾਂ ਨੂੰ ਝੋਨੇ ਦੀ ਸਿੱਧੀ ਬਿਜਾਈ ਅਤੇ ਕੋਰੋਨਾ ਵਾਇਰਸ ਤੋਂ ਬਚਾਅ ਲਈ ਕੀਤਾ ਜਾ ਰਿਹਾ ਹੈ ਜਾਗਰੂਕ

ਗੁਰਦਾਸਪੁਰ, 7 ਜੂਨ ( ) ਡਾ. ਰਮਿੰਦਰ ਸਿੰਘ ਮੁੱਖ ਖੇਤੀਬਾੜੀ ਅਫਸਰ ਗੁਰਦਾਸਪੁਰ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਚਲਾਏ 'ਮਿਸ਼ਨ ਫ਼ਤਿਹ' ਅਧੀਨ ਕਿਸਾਨਾਂ ਨੂੰ ਕੋਰੋਨਾ ਵਾਇਰਸ ਤੋਂ ਬਚਾਅ ਲਈ ਜਾਗਰੂਕ ਕੀਤਾ ਜਾ ਰਿਹਾ ਹੈ ਕਿ ਸਰਕਾਰ ਅਤੇ ਸਿਹਤ ਵਿਭਾਗ ਵਲੋਂ ਜਾਰੀ ਕੀਤੀਆਂ ਹਦਾਇਤਾਂ ਦੀ ਪਲਾਣਾ ਨੂੰ ਯਕੀਨੀ ਬਣਾ ਕੇ ਕੋਰੋਨਾ ਵਾਇਰਸ ਥੇ ਜਿੱਤ ਹਾਸਿਲ ਕੀਤੀ ਜਾ ਸਕੇ। ਮੁੱਖ ਖੇਤੀਬਾੜੀ ਅਫਸਰ ਨੇ ਅੱਗੇ ਦੱਸਿਆ ਕਿ ਜ਼ਮੀਨ ਹੇਠਲੇ ਪਾਣੀ ਦੇ ਘਟਦੇ ਪੱਧਰ ਅਤੇ ਕਰੋਨਾ ਵਾਇਰਸ ਦੇ ਚੱਲਦਿਆਂ ਝੋਨੇ ਦੀ ਲਵਾਈ ਲਈ ਮਜ਼ਦੂਰਾਂ ਦੀ ਸੰਭਾਵਤ ਘਾਟ ਨੂੰ ਮੁੱਖ ਰੱਖਦਿਆਂ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਜ਼ਿਲੇ ਗੁਰਦਾਸਪੁਰ ਵਿੱਚ ਝੋਨੇ ਦੀ ਸਿੱਧੀ ਬਿਜਾਈ ਨੂੰ ਉਤਸ਼ਾਹਿਤ ਕਰਨ ਲਈ ਵਿਸ਼ੇਸ਼ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ ਹੈ ਤਾਂ ਜੋ ਇਸ ਸੀਜਨ ਵਿੱਚ ਜੋ ਮੈਨ ਪਾਵਰ ਦੀ ਘਾਟ ਹੈ ਉਸ ਦਾ ਉਚਿਤ ਹੱਲ ਕੱਢਿਆ ਜਾ ਸਕੇ।

ਉਨਾਂ ਅੱਗੇ ਦੱਸਿਆ ਕਿ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਵਲੋਂ ਪਿੰਡ-ਪਿੰਡ ਜਾ ਕੇ ਪੰਜਾਬ ਸਰਕਾਰ ਦੇ 'ਮਿਸ਼ਨ ਫਤਿਹ' ਅਤੇ ਝੋਨੇ ਦੀ ਸਿੱਧੀ ਬਿਜਾਈ ਬਾਰੇ ਦੱਸਿਆ ਜਾ ਰਿਹਾ ਹੈ । ਉਨਾਂ ਕਿਹਾ ਕਿ ਇਸ ਵਿਧੀ ਨਾਲ ਜ਼ਮੀਨ ਹੇਠਲਾ ਪਾਣੀ, ਸਮਾਂ, ਮਜ਼ਦੂਰਾਂ ਤੇ ਹੋਣ ਵਾਲਾ ਖਰਚਾ, ਟਰੈਕਟਰ ਦੀ ਘਸਾਈ ਬਚਾਉਣ ਵਿੱਚ ਸਹਾਈ ਹੁੰਦੀ ਹੈ। ਉਨ•ਾਂ ਕਿਹਾ ਕਿ ਜੂਨ ਮਹੀਨੇ ਵਿਚ ਸਿੱਧੀ ਬਿਜਾਈ ਨਾਲ ਬੀਜੀ ਝੋਨੇ ਦੀ ਫਸਲ ਚੰਗਾ ਝਾੜ ਅਤੇ ਮਿਆਰ ਦਿੰਦੀ ਹੈ ਅਤੇ ਮਈ ਮਹੀਨੇ ਵਿਚ ਅਗੇਤੀ ਬਿਜਾਈ ਕਰਨ ਨਾਲ ਪਾਣੀ ਦੀ ਖਪਤ ਜ਼ਿਆਦਾ ਹੁੰਦੀ ਹੈ ਅਤੇ ਨਦੀਨਾਂ ਦੀ ਸਮੱਸਿਆ ਵੀ ਜ਼ਿਆਦਾ ਆਉਂਦੀ ਹੈ।

ਉਨਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਜੋ ਵੀ ਕਿਸਾਨ ਝੋਨੇ ਦੀ ਸਿੱਧੀ ਬਿਜਾਈ ਕਰਨਾ ਚਾਹੁੰਦਾ ਹੈ ਉਹ ਖੇਤੀ ਮਾਹਿਰਾਂ ਨਾਲ ਸੰਪਰਕ ਕਰੇ ਤਾਂ ਜੋ ਸਹੀ ਤਕਨੀਕੀ ਅਗਵਾਈ ਦਿੱਤੀ ਜਾ ਸਕੇ ਅਤੇ ਕਿਸਾਨ ਨੂੰ ਕਿਸੇ ਕਿਸਮ ਦੀ ਸਮੱਸਿਆਂ ਦਾ ਸਾਹਮਣਾ ਨਾਂ ਕਰਨਾ ਲਵੇ। ਉਨਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ 10 ਜੂਨ ਤੋਂ ਪਹਿਲਾਂ ਝੋਨੇ ਦੀ ਲਵਾਈ ਕਿਸੇ ਵੀ ਹਾਲਤ ਵਿੱਚ ਨਾ ਕੀਤੀ ਜਾਵੇ। ਉਨ•ਾਂ ਨੇ ਕਿਹਾ ਕਿ ਜੂਨ ਦਾ ਪਹਿਲਾ ਪੰਦਰਵਾੜਾ ਝੋਨੇ ਦੀ ਸਿੱਧੀ ਬਿਜਾਈ ਲਈ ਅਤੇ ਬਾਸਮਤੀ ਲਈ ਜੂਨ ਦਾ ਦੂਜਾ ਪੰਦਰਵਾੜਾਂ ਢੁਕਵਾਂ ਸਮਾਂ ਹੈ। ਉਨਾਂ ਕਿਹਾ ਕਿ ਘੱਟ ਸਮੇਂ ਵਿੱਚ ਪੱਕਣ ਵਾਲੀਆਂ ਪੀ ਆਰ 126 ਅਤੇ ਪੂਸਾ ਬਾਸਮਤੀ 1509 ਦੀ ਬਿਜਾਈ ਜੂਨ ਦੇ ਦੂਜੇ ਪੰਦਰਵਾੜੇ ਵਿੱਚ ਵੀ ਕੀਤੀ ਜਾ ਸਕਦੀ ਹੈ ਉਨਾਂ ਕਿਹਾ ਕਿ ਝੋਨੇ ਦੀ ਸਿੱਧੀ ਬਿਜਾਈ ਤਰ ਵੱਤਰ ਵਿੱਚ ਹੀ ਕੀਤੀ ਜਾਵੇ ਤਾਂ ਬਿਹਤਰ ਹੈ। ਉਨਾਂ ਕਿਹਾ ਕਿ ਰੌਣੀ ਉਪਰੰਤ ਖੇਤ ਤਰ ਵੱਤਰ ਦੀ ਹਾਲਤ ਵਿਚ ਆਉਣ ਤੇ ਦੋ ਵਾਰ ਹੱਲਾਂ ਨਾਲ ਵਾਹ ਕੇ ਤੇ ਸੁਹਾਗੇ ਦੀ ਦੋਹਰ ਜਾਂ ਤੇਹਰ ਪਾ ਕੇ ਤੁਰੰਤ ਬਿਜਾਈ ਕਰ ਦਿਉ। ਉਨਾਂ ਕਿਹਾ ਕਿ ਬਿਜਾਈ ਕਰਨ ਤੋਂ ਪਹਿਲਾਂ ਬੀਜ ਨੂੰ 8-12 ਘੰਟੇ ਤਕ ਪਾਣੀ ਵਿੱਚ ਭਿਉਂ ਕੇ ਰੱਖਣ ਤੋਂ ਬਾਅਦ ਛਾਵੇਂ ਸੁਕਾ ਕੇ ਦਵਾਈ ਨਾਲ ਸੋਧ ਲਵੋ।

---------------------------